ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

## ਬਠਿੰਡਾ ਜ਼ਿਲੇ ਵਿਚ ਕਣਕ ਖਰੀਦ ਦਾ ਆਂਕੜਾ ਪੁੱਜਿਆ 9.46 ਲੱਖ ਟਨ ਤੇ 1625 ਕਰੋੜ ਦੀਆਂ ਅਦਾਇਗੀਆਂ ਕੀਤੀਆਂ

ਬਠਿੰਡਾ, 15 ਮਈ ਜ਼ਿਲਾ ਬੰਠਿਡਾ ਵਿਚ ਕਣਕ ਖਰੀਦ ਦਾ ਆਂਕੜਾ 9,46,514 ਮੀਟ੍ਰਿਕ ਟਨ ਨੂੰ ਪਾਰ ਗਿਆ ਹੈ। ਇਹ ਜਾਣਕਾਰੀ ਜ਼ਿਲੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦਿੱਤੀ ਹੈ। ਉਨਾਂ ਨੇ ਦੱਸਿਆ ਕਿ ਹੁਣ ਤੱਕ ਮੰਡੀਆਂ ਵਿਚ ਕੁੱਲ 9,50,314 ਮੀਟ੍ਰਿਕ ਟਨ ਕਣਕ ਮੰਡੀਆਂ ਵਿਚ ਆਈ ਹੈ। ਇਸੇ ਤਰਾਂ ਜ਼ਿਲੇ ਦੇ ਕਿਸਾਨਾਂ ਨੂੰ ਹੁਣ ਤੱਕ 1625 ਕਰੋੜ ਰੁਪਏ ਦੀ ਅਦਾਇਗੀ ਵੀ ਕੀਤੀ ਜਾ ਚੁੱਕੀ ਹੈ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਜ਼ਿਲਾ ਫੂਡ ਸਪਲਾਈ ਕੰਟਰੋਲਰ ਸ੍ਰੀ ਮਨਦੀਪ ਸਿੰਘ ਮਾਨ ਨੇ ਦੱਸਿਆ ਕਿ ਪਨਗ੍ਰੇਨ ਨੇ 271618 ਮੀਟ੍ਰਿਕ ਟਨ ਖਰੀਦ ਕੀਤੀ ਹੈ। ਇਸ ਤੋਂ ਬਿਨਾਂ ਮਾਰਕਫੈਡ ਨੇ 245776 ਮੀਟ੍ਰਿਕ ਟਨ, ਪਨਸਪ ਨੇ 214321 ਮੀਟ੍ਰਿਕ ਟਨ, ਪੰਜਾਬ ਰਾਜ ਗੋਦਾਮ ਨਿਗਮ ਨੇ 145041 ਮੀਟ੍ਰਿਕ ਟਨ, ਭਾਰਤੀ ਖੁਰਾਕ ਨਿਗਮ ਨੇ 68223 ਮੀਟ੍ਰਿਕ ਟਨ ਅਤੇ ਨਿੱਜੀ ਵਪਾਰੀਆਂ ਨੇ 1535 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਹੈ। ਇਸ ਤੋਂ ਬਿਨਾਂ 829393 ਮੀਟ੍ਰਿਕ ਟਨ ਕਣਕ ਦੀ ਮੰਡੀਆਂ ਵਿਚੋਂ ਲਿਫਟਿੰਗ ਵੀ ਹੋ ਗਈ ਹੈ।

I/24851/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਖੁਸ਼ ਖ਼ਬਰ

## ਬਠਿੰਡਾ ਜ਼ਿਲੇ ਵਿਚ 21 ਲੋਕ ਕਰੋਨਾ ਤੇ ਜਿੱਤ ਪ੍ਰਾਪਤ ਕਰਕੇ ਘਰਾਂ ਨੂੰ ਪਰਤੇ

## ਡਿਪਟੀ ਕਮਿਸ਼ਨਰ, ਆਈ.ਜੀ. ਅਤੇ ਐਸ.ਐਸ.ਪੀ. ਨੇ ਸੁਭਕਾਮਨਾਵਾਂ ਦੇ ਕੇ ਕੀਤਾ ਰਵਾਨਾ

ਘਰਾਂ ਨੂੰ ਪਰਤੇ ਜਿੰਦਗੀ ਦੇ ਜੇਤੂਆਂ ਨੇ ਪੰਜਾਬ ਸਰਕਾਰ ਨੂੰ ਕਿਹਾ ਸ਼ੁਕਰੀਆ

ਜ਼ਿਲੇ ਵਿਚ ਹੁਣ ਬਾਕੀ ਬਚੇ 22 ਐਕਟਿਵ ਕੇਸ

ਬਠਿੰਡਾ, 15 ਮਈ

ਬਠਿੰਡੇ ਜ਼ਿਲੇ ਲਈ ਸ਼ੁੱਕਰਵਾਰ ਸੁਖਦ ਹੋ ਨਿਬੜਿਆ ਜਦ ਅੱਜ ਸਰਕਾਰੀ ਹਸਪਤਾਲ ਵਿਚ ਇਲਾਜ ਅਧੀਨ 21 ਲੋਕ ਕਰੋਨਾ ਤੇ ਜਿੱਤ ਪ੍ਰਾਪਤ ਕਰਕੇ ਘਰਾਂ ਨੂੰ ਪਰਤੇ। ਇਸ ਮੌਕੇ ਜ਼ਿਲੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ, ਆਈਜੀ ਸ੍ਰੀ ਏਕੇ ਮਿੱਤਲ, ਐਸ.ਐਸ.ਪੀ. ਡਾ: ਨਾਨਕ ਸਿੰਘ ਅਤੇ ਸਿਵਲ ਸਰਜਨ ਡਾ: ਅਮਰੀਕ ਸਿੰਘ ਨੇ ਇੰਨਾਂ ਮਰੀਜਾਂ ਨੂੰ ਫੁੱਲਾਂ ਦੇ ਗੁਲਦਸਤੇ ਦੇ ਕੇ ਘਰਾਂ ਨੂੰ ਭੇਜਿਆ।

ਇਸ ਮੌਕੇ ਜਾਣਕਾਰੀ ਦਿੰਦਿਆਂ ਜ਼ਿਲੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦੱਸਿਆ ਕਿ ਜ਼ਿਲੇ ਵਿਚ ਕੁੱਲ 43 ਲੋਕਾਂ ਵਿਚ ਕਰੋਨਾ ਦੀ ਪੁਸ਼ਟੀ ਹੋਈ ਸੀ ਜਿੰਨਾਂ ਵਿਚੋਂ 41 ਜ਼ਿਲਾ ਬਠਿੰਡਾ ਦੇ ਵਸਨੀਕ ਸਨ ਅਤੇ 2 ਕ੍ਰਮਵਾਰ ਮੋਗਾ ਅਤੇ ਲੁਧਿਆਣਾ ਨਾਲ ਸਬੰਧਤ ਸਨ। ਇੰਨਾਂ ਵਿਚ ਮੁੜ ਜਾਂਚ ਲਈ ਭੇਜੇ ਗਏ 21 ਲੋਕਾਂ ਦੇ ਨਮੂਨਿਆਂ ਦੀ ਰਿਪੋਰਟ ਨੈਗੇਟਿਵ ਆਈ ਹੈ ਜਿਸ ਤੋਂ ਬਾਅਦ ਇੰਨਾਂ ਨੂੰ ਅੱਜ ਘਰਾਂ ਵਿਚ ਭੇਜ ਦਿੱਤਾ ਗਿਆ ਜਿੱਥੇ ਇਹ 14 ਦਿਨ ਲਈ ਇਕਾਂਤਵਾਸ ਵਿਚ ਰਹਿਣਗੇ। ਉਨਾਂ ਨੇ ਘਰ ਪਰਤ ਰਹੇ ਕਰੋਨਾ ਜੇਤੂਆਂ ਨੂੰ ਸੁਭਕਾਮਨਾਵਾਂ ਦੇਣ ਦੇ ਨਾਲ ਨਾਲ ਇੰਨਾਂ ਦੀ ਦੇਖਭਾਲ ਕਰਨ ਵਾਲੇ ਡਾਕਟਰੀ ਅਮਲੇ ਦੀ ਭੂਮਿਕਾ ਦੀ ਵੀ ਸਲਾਘਾ ਕੀਤੀ। ਉਨਾਂ ਨੇ ਦੱਸਿਆ ਕਿ ਜ਼ਿਲੇ ਵਿਚ ਹੁਣ ਕਰੋਨਾ ਐਕਟਿਵ ਕੇਸਾਂ ਦੀ ਗਿਣਤੀ 22 ਰਹਿ ਗਈ ਹੈ। ਇਸ ਮੌਕੇ ਆਈ.ਜੀ. ਸ੍ਰੀ ਮਿੱਤਲ ਨੇ ਤੰਦਰੁਸਤ ਹੋ ਕੇ ਪਰਤ ਰਹੇ ਇੰਨਾਂ ਲੋਕਾਂ ਨੂੰ ਸੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਮਨੁੱਖ ਆਪਣੇ ਦ੍ਰਿੜ ਮਨੋਬਲ ਨਾਲ ਹਰ ਮੁਸਕਿਲ ਤੇ ਜਿੱਤ ਦਰਜ ਕਰ ਲੈਂਦਾ ਹੈ। ਉਨਾਂ ਨੇ ਇਸ ਮੌਕੇ ਡਾਟਕਰੀ ਅਮਲੇ ਵੱਲੋਂ ਇੰਨਾਂ ਦਾ ਮਨੋਬਲ ਉਚਾ ਬਣਾਈ ਰੱਖਣ ਲਈ ਉਨਾਂ ਦੀ ਸਲਾਘਾ ਵੀ ਕੀਤੀ।

ਐਸ.ਐਸ.ਪੀ. ਡਾ: ਨਾਨਕ ਸਿੰਘ ਨੇ ਇੰਨਾਂ ਦੇ ਤੰਦਰੁਸਤ ਜੀਵਨ ਦਾ ਕਾਮਨਾ ਕਰਦਿਆਂ ਆਸ ਪ੍ਰਗਟਾਈ ਕਿ ਬਾਕੀ ਲੋਕ ਵੀ ਜਲਦ ਸਿਹਤਯਾਬ ਹੋ ਕੇ ਘਰ ਪਰਤਣਗੇ।

ਇਸ ਮੌਕੇ ਸਿਵਲ ਸਰਜਨ ਡਾ: ਅਮਰੀਕ ਸਿੰਘ ਨੇ ਦੱਸਿਆ ਕਿ ਇੰਨਾਂ ਦੀ ਬਕਾਇਦਾ ਕਾਉਂਸਿਗ ਕਰਕੇ ਇੰਨਾਂ ਨੂੰ ਅਗਲੇ ਦੋ ਹਫ਼ਤੇ ਰੱਖੀਆਂ ਜਾਣ ਵਾਲੀਆਂ ਸਾਵਧਾਨੀਆਂ ਬਾਰੇ ਦੱਸਿਆ ਗਿਆ ਹੈ। ਉਨਾਂ ਨੇ ਕਿਹਾ ਕਿ ਅੱਜ ਘਰ ਪਰਤ ਰਹੇ ਲੋਕਾਂ ਵਿਚ ਇਕ ਲੁਧਿਆਣਾ ਅਤੇ 1 ਮੋਗਾ ਜ਼ਿਲੇ ਨਾਲ ਸਬੰਧਤ ਹੈ ਜਦ ਕਿ ਬਾਕੀ ਸਾਰੇ ਬਠਿੰਡਾ ਜ਼ਿਲੇ ਦੇ ਵਸਨੀਕ ਹਨ। ਉਨਾਂ ਨੇ ਦੱਸਿਆ ਕਿ ਤੰਦਰੁਸਤ ਹੋ ਕੇ ਘਰ ਪਰਤੇ ਲੋਕਾਂ ਵਿਚ 9 ਪੁਰਸ਼ ਅਤੇ 12 ਔਰਤਾਂ ਹਨ ਅਤੇ ਇਹ ਤਖਤ ਸ੍ਰੀ ਹਜੂਰ ਸਾਹਿਬ, ਨਾਂਦੇੜ ਤੋਂ ਪਰਤੇ ਸਨ।

ਇਸ ਮੌਕੇ ਠੀਕ ਹੋ ਕੇ ਘਰ ਪਰਤ ਰਹੇ ਲੋਕਾਂ ਨੇ ਪੰਜਾਬ ਸਰਕਾਰ, ਜ਼ਿਲਾ ਪ੍ਰਸ਼ਾਸਨ ਅਤੇ ਡਾਕਟਰੀ ਅਮਲੇ ਦਾ ਵਧੀਆ ਦੇਖਭਾਲ ਲਈ ਸ਼ੁਕਰਾਨਾ ਕੀਤਾ। ਇਸ ਮੌਕੇ ਡਾ: ਕੁੰਦਨ ਕੁਮਾਰ ਪਾਲ ਵੀ ਹਾਜਰ ਸਨ।

I/25033/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

## ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ ਪਰਮਲ ਝੋਨੇ ਦੀ ਸਿੱਧੀ ਬਿਜਾਈ 1 ਜੂਨ ਤੋਂ ਪਹਿਲਾਂ ਅਤੇ ਬਾਸਮਤੀ ਦੀ ਬਿਜਾਈ 15 ਜੂਨ ਤੋਂ ਪਹਿਲਾਂ ਨਾ ਕਰਨ ਦੀ ਕੀਤੀ ਅਪੀਲ

### ਵੱਖ-ਵੱਖ ਪਿੰਡਾਂ ਵਿੱਚ ਕਿਸਾਨਾਂ ਨਾਲ ਨੁੱਕੜ ਮੀਟਿੰਗਾਂ ਕਰਕੇ ਫ਼ਸਲਾਂ ਸਬੰਧੀ ਦਿੱਤੀ ਗਈ ਜਾਣਕਾਰੀ

ਬਠਿੰਡਾ, 15 ਮਈ ( ) : ਡਿਪਟੀ ਕਮਿਸ਼ਨਰ ਸ਼੍ਰੀ ਬੀ ਸ੍ਰੀਨਿਵਾਸਨ ਦੇ ਦਿਸ਼ਾ-ਨਿਰਦੇਸ਼ਾਂ ’ਤੇ ਮੁੱਖ ਖੇਤੀਬਾੜੀ ਅਫ਼ਸਰ ਬਠਿੰਡਾ ਡਾ. ਬਹਾਦਰ ਸਿੰਘ ਸਿੱਧੂ ਦੀ ਅਗਵਾਈ ਹੇਠ ਡਾ. ਗੁਰਤੇਜ ਸਿੰਘ ਖੇਤੀਬਾੜੀ ਸੂਚਨਾ ਅਫ਼ਸਰ ਅਤੇ ਡਾ. ਕੰਵਲ ਕੁਮਾਰ ਟਰੇਨਿੰਗ ਅਫ਼ਸਰ ਵੱਲੋਂ ਅੱਜ ਦਿਉਣ, ਮਹਿਮਾ ਭਗਵਾਨਾ, ਬੁਢਲਾਡੇ ਵਾਲਾ, ਮਹਿਮਾ ਸਰਕਾਰੀ, ਚੁੱਘੇ ਕਲਾਂ ਆਦਿ ਪਿੰਡਾਂ ਦਾ ਦੌਰਾ ਕੀਤਾ ਗਿਆ।

ਇਸ ਮੌਕੇ ਕਿਸਾਨਾਂ ਨਾਲ ਨੁੱਕੜ ਮੀਟਿੰਗਾਂ ਦੌਰਾਨ ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ ਜ਼ਿਲੇ ਵਿੱਚ ਪਾਣੀ ਦਾ ਪੱਧਰ ਹੇਠਾਂ ਜਾਣ ਦੇ ਕਾਰਨ, ਵਾਤਾਵਰਣ ਨੂੰ ਬਚਾਉਣ ਲਈ ਝੋਨੇ ਦੀ ਫ਼ਸਲ ਹੇਠ ਰਕਬਾ ਘਟਾ ਕੇ ਨਰਮੇ ਅਤੇ ਮੱਕੀ ਹੇਠ ਰਕਬਾ ਵਧਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਤੋਂ ਇਲਾਵਾ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਦੇ ਨੁਕਤੇ ਵੀ ਦੱਸੇ ਗਏ ਕਿ ਕਿਵੇਂ ਸਿੱਧੀ ਬਿਜਾਈ ਕਰਨ ਨਾਲ ਕਿਵੇਂ ਪਾਣੀ ਦੀ ਬਚਤ ਕੀਤੀ ਜਾ ਸਕਦੀ ਹੈ। ਇਸ ਤੋਂ ਇਲਾਵਾ ਕਿਸਾਨਾਂ ਨੂੰ ਪਰਮਲ ਝੋਨੇ ਦੀ ਸਿੱਧੀ ਬਿਜਾਈ 1 ਜੂਨ ਤੋਂ ਪਹਿਲਾਂ ਅਤੇ ਬਾਸਮਤੀ ਦੀ ਬਿਜਾਈ 15 ਜੂਨ ਤੋਂ ਪਹਿਲਾਂ ਨਾ ਕਰਨ ਦੀ ਵੀ ਅਪੀਲ ਕੀਤੀ ਗਈ। ਖੇਤੀਬਾੜੀ ਵਿਭਾਗ ਦੀਆਂ ਸਿਫਾਰਸ਼ਾਂ ਤੋਂ ਪ੍ਰੇਰਰਿਤ ਹੋ ਕੇ ਕਿਸਾਨਾਂ ਨੇ ਇਸ ਮੌਕੇ ਭਰੋਸਾ ਦਿਵਾਇਆ ਕਿ ਇਸ ਸਾਲ ਪਿਛਲੇ ਸਾਲ ਦੇ ਮੁਕਾਬਲੇ ਨਾਲੋਂ 20 ਪ੍ਰਤੀਸ਼ਤ ਰਕਬਾ ਝੋਨੇ ਹੇਠੋਂ ਘਟਾ ਕੇ ਨਰਮੇ ਦੀ ਫ਼ਸਲ ਹੇਠ ਲਿਆਂਦਾ ਗਿਆ ਹੈ। ਇਸ ਤੋਂ ਇਲਾਵਾ ਕਿਸਾਨਾਂ ਵੱਲੋਂ ਮੱਕੀ ਹੇਠ ਰਕਬਾ ਲਿਆਉਣ ਸਬੰਧੀ ਦਿੱਤੀ ਗਈ ਜਾਣਕਾਰੀ ਬਾਰੇ ਵੀ ਆਪਣੀ ਸਹਿਮਤੀ ਪ੍ਰਗਟਾਈ ਗਈ।

I/25053/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

## ਸਿਵਲ ਸਰਜਨ ਵੱਲੋਂ ਡੇਂਗੂ ਦਿਵਸ ਮੌਕੇ ਡੇਂਗੂ ਬੁਖ਼ਾਰ ਤੋਂ ਬਚਣ ਲਈ ਦਿੱਤੇ ਗਏ ਸੁਝਾਅ

### ਜੇਕਰ ਕਿਸੇ ਵਿਅਕਤੀ ’ਚ ਡੇਂਗੂ ਬੁਖ਼ਾਰ ਦੇ ਲੱਛਣ ਪਾਏ ਜਾਣ ਤਾਂ ਤੁਰੰਤ ਨੇੜੇ ਦੇ ਸਰਕਾਰੀ ਹਸਪਤਾਲ ਵਿੱਚ ਕੀਤਾ ਜਾਵੇ ਸੰਪਰਕ

ਬਠਿੰਡਾ, 15 ਮਈ, ( ) : ਸਿਵਲ ਸਰਜਨ ਡਾਕਟਰ ਅਮਰੀਕ ਸਿੰਘ ਸੰਧੂ ਵੱਲੋਂ ਡੇਂਗੂ ਦਿਵਸ ਤੇ ਜ਼ਿਲਾ ਵਾਸੀਆਂ ਦੇ ਨਾਮ ਸੰਦੇਸ਼ ਜਾਰੀ ਕਰਦੇ ਹੋਏ ਕਿਹਾ ਕਿ ਅੱਜ ਅਸੀਂ ਰਾਸਟਰੀ ਡੇਂਗੂ ਦਿਵਸ ਮਨਾ ਰਹੇ ਹਾਂ। ਇਸ ਵਾਰ ਡੇਂਗੂ ਦਿਵਸ ਸਰਕਾਰ ਵੱਲੋਂ ਪ੍ਰਾਪਤ ਥੀਮ “ਡੇਂਗੂ ਨੂੰ ਕਾਬੂ ਕਰਨ ਵਿੱਚ ਆਮ ਲੋਕਾਂ ਦਾ ਯੋਗਦਾਨ” ਹੇਠ ਮਨਾਇਆ ਜਾ ਰਿਹਾ ਹੈ।

ਇਸ ਮੌਕੇ ਸਿਵਲ ਸਰਜਨ ਵੱਲੋਂ ਦੱਸਿਆ ਗਿਆ ਕਿ ਸਾਨੂੰ ਡੇਂਗੂ ਬੁਖਾਰ ਤੋਂ ਬਚਾਅ ਲਈ ਸਰਕਾਰ ਵੱਲੋਂ ਦਿੱਤੀਆਂ ਹਦਾਇਤਾਂ ਦੀ ਪਾਲਣਾ ਕਰਨੀ ਚਾਹੀਦੀ ਹੈ ਤਾਂ ਜੋ ਡੇਂਗੂ ਬੁਖ਼ਾਰ ਤੋਂ ਬਚਿਆ ਜਾ ਸਕੇ। ਉਨਾਂ ਦੱਸਿਆ ਕਿ ਡੇਂਗੂ ਬੁਖਾਰ ਏਡੀਜ਼ ਅਜਿਪਟੀ ਨਾਂ ਦੇ ਮੱਛਰ ਦੇ ਕੱਟਣ ਨਾਲ ਫ਼ੈਲਦਾ ਹੈ। ਉਨਾਂ ਦੱਸਿਆ ਕਿ ਇਹ ਮੱਛਰ ਸਾਫ਼ ਖੜੇ ਪਾਣੀ ਦੇ ਸੋਮਿਆਂ ਵਿੱਚ ਪੈਦਾ ਹੁੰਦਾ ਹੈ ਅਤੇ ਸਾਨੂੰ ਦਿਨ ਵੇਲੇ ਕੱਟਦਾ ਹੈ। ਇਸ ਤੋਂ ਬਚਾਅ ਲਈ ਦਿਨ ਵੇਲੇ ਪੂਰੀਆਂ ਬਾਹਾਂ ਵਾਲੇ ਕੱਪੜੇ, ਪੈਰਾਂ ਵਿਚ ਜੁਰਾਬਾਂ ਵੀ ਪਾ ਕੇ ਰੱਖੀਆਂ ਜਾਣ। ਰਾਤ ਨੂੰ ਸੌਣ ਸਮੇਂ ਜਾਲੀ ਵਾਲੇ ਕਮਰੇ ਜਾਂ ਮੱਛਰਦਾਨੀ ਦੀ ਵਰਤੋ ਕਰਨੀ ਚਾਹੀਦੀ ਹੈ। ਇਸ ਤੋਂ ਇਲਾਵਾ ਮੱਛਰ ਭਜਾਓ ਤੇਲ ਜਾਂ ਕਰੀਮ ਦੀ ਵਰਤੋਂ ਵੀ ਕਰ ਸਕਦੇ ਹਾਂ।

ਉਨਾਂ ਕਿਹਾ ਕਿ ਆਪ ਅਤੇ ਆਪਣੇ ਪਰਿਵਾਰ ਨੂੰ ਡੇਂਗੂ ਬੁਖ਼ਾਰ ਤੋਂ ਬਚਾਉਣ ਲਈ ਆਪਣਾ ਆਲਾ-ਦੁਆਲਾ ਸਾਫ਼ ਰੱਖਣਾ ਚਾਹੀਦਾ ਹੈ, ਮੱਛਰ ਪੈਦਾ ਹੋਣ ਦੇ ਸਰੋਤ ਖਤਮ ਕਰਨੇ ਚਾਹੀਦੇ ਹਨ ਜਿਵੇਂ ਕਿ ਹਰ ਹਫ਼ਤੇ ਸ਼ੁਕਰਵਾਰ ਨੂੰ ਡਰਾਈ ਡੇ ਮਨਾਈਏ। ਇਸ ਦਿਨ ਅਸੀਂ ਆਪਣੇ-ਆਪਣੇ ਘਰਾਂ ਵਿਚ ਕੂਲਰਾਂ, ਫਰਿੱਜਾਂ ਦੀਆਂ ਟਰੇਆਂ, ਗਮਲਿਆਂ ਅਤੇ ਛੱਤਾਂ ਤੇ ਰੱਖੀਆਂ ਟੈਂਕੀਆਂ ਆਦਿ ਦੀ ਸਫ਼ਾਈ ਕਰੀਏ। ਇਸ ਮੌਕੇ ਉਨਾਂ ਇਹ ਵੀ ਕਿਹਾ ਕਿ ਸਾਡਾ ਸਾਰਿਆਂ ਦਾ ਧਿਆਨ ਕੋਰੋਨਾ ਵਾਇਰਸ ਦੀ ਲਾਗ ਤੋਂ ਆਪਣੇ-ਆਪ ਨੂੰ ਬਚਾਉਣ ਲਈ ਹੈ। ਪ੍ਰੰਤੂ ਗਰਮੀ ਦੇ ਮੌਸਮ ਵਿਚ ਮੱਛਰ ਦੇ ਕੱਟਣ ਨਾਲ ਫ਼ੈਲਣ ਵਾਲੀਆਂ ਬਿਮਾਰੀਆਂ ਡੇਂਗੂ, ਮਲੇਰੀਆ ਅਤੇ ਚਿਕਨਗੁਨੀਆਂ ਬੁਖ਼ਾਰ ਤੋਂ ਵੀ ਅਸੀਂ ਆਪਣੇ-ਆਪ ਨੂੰ ਬਚਾਉਣਾ ਹੈ। ਜੇਕਰ ਕਿਸੇ ਵਿਅਕਤੀ ਨੂੰ ਡੇਂਗੂ ਬੁਖਾਰ ਦੇ ਲੱਛਣ ਜਿਵੇ ਕਿ ਤੇਜ਼ ਬੁਖ਼ਾਰ, ਸਿਰ ਦਰਦ, ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ, ਮਾਸ ਪੇਸ਼ੀਆਂ ਅਤੇ ਜੋੜਾਂ ਵਿੱਚ ਦਰਦ, ਜੀਅ ਕੱਚਾ ਹੋਣਾ ਅਤੇ ਉਲਟੀਆਂ ਆਉਣਾ ਆਦਿ ਹੋਣ ਤਾਂ ਤੁਰੰਤ ਨੇੜੇ ਦੇ ਸਰਕਾਰੀ ਹਸਪਤਾਲ ਵਿੱਚ ਜਾ ਕੇ ਜਾਂਚ ਕਰਵਾਈ ਜਾਵੇ।

ਇਸ ਮੌਕੇ ਜ਼ਿਲਾ ਟੀਕਾਕਰਨ ਅਫ਼ਸਰ ਡਾ. ਕੁੰਦਨ ਕੁਮਾਰ ਪਾਲ, ਜ਼ਿਲਾ ਮਲੇਰੀਆ ਅਫ਼ਸਰ ਡਾ. ਸੁਮੀਤ ਜਿੰਦਲ, ਨੋਡਲ ਅਫ਼ਸਰ ਡਾ. ਪਾਮਿਲ ਬਾਂਸਲ, ਏ.ਐਮ.ਓ.ਰਛਪਾਲ ਕੁਮਾਰ, ਮਲੇਰੀਆ ਬ੍ਰਾਂਚ ਅਤੇ ਮਾਸ ਮੀਡੀਆ ਬ੍ਰਾਂਚ ਦੇ ਸਮੂਹ ਮੈਂਬਰ ਹਾਜ਼ਰ ਸਨ।

I/25069/2020